# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

**13:10**

**ਮਿਤੀ : 21-09-2026**

ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਬਠਿੰਡਾ ਦੇ ਤਲਵੰਡੀ ਸਾਬੋ ਤੋਂ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਚੌਥੇ ਗੇੜ ਦੀ ਸ਼ੁਰੂਆਤ ਕੀਤੀ । ਉਨ੍ਹਾਂ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਿਆ। ਇਸ ਮੌਕੇ BJP ਦੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋ, ਪੰਜਾਬ ਇੰਚਾਰਜ ਸਤੀਸ਼ ਪੂਨੀਆਂ, HS ਫੂਲਕਾ, ਤਰੁਣ ਚੁੱਗ, ਸੁਨੀਲ ਜਾਖੜ ਵੀ ਉਹਨਾਂ ਦੇ ਨਾਲ ਮੌਜੂਦ ਰਹੇ । ਇਸ ਮੌਕੇ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਚੌਹਾਨ ਨੇ ਨਸ਼ਿਆਂ ਨੂੰ ਠੱਲ ਪਾਉਣ ਲਈ ਲੋਕਾਂ ਨੂੰ ਸੱਦਾ ਦਿਤਾ।

BYTE

ਸ੍ਰੀ ਚੌਹਾਨ ਨਸ਼ੇ ਨਾਲ ਬਰਬਾਦ ਹੋ ਚੁੱਕੇ ਪਰਿਵਾਰਾਂ ਨੂੰ ਵੀ ਮਿਲੇ । ਪਰਿਵਾਰਾਂ ਨੇ ਕੇਂਦਰੀ ਮੰਤਰੀ ਨੂੰ ਨਸ਼ੇ ਕਾਰਨ ਮਰ ਚੁੱਕੇ ਮੈਂਬਰਾਂ ਦੀਆਂ ਤਸਵੀਰਾਂ ਵੀ ਦਿਖਾਈਆਂ ਇਹ ਯਾਤਰਾ ਪੰਜਾਬ ਨੂੰ ਦਰਪੇਸ਼ ਮੌਜੂਦਾ

ਤਿੰਨ ਵੱਡੀਆਂ ਚੁਣੌਤੀਆਂ, ਵਧਦੀ ਨਸ਼ਾਖੋਰੀ, ਵਿਗੜਦੀ ਕਾਨੂੰਨ ਵਿਵਸਥਾ ਅਤੇ ਸ਼ਾਸਨ ਦੇ ਹਰ ਪੱਧਰ 'ਤੇ ਭ੍ਰਿਸ਼ਟਾਚਾਰ 'ਤੇ ਕੇਂਦ੍ਰਿਤ ਏ।

------------------------------------------------------------

ਓਧਰ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਕੱਲ ਅਮਲੋਹ ਪਹੁੰਚਣ ਤੇ ਇਲਾਕਾ ਨਿਵਾਸੀਆਂ ਨੇ ਸਵਾਗਤ ਕੀਤਾ। ਇਸ ਯਾਤਰਾ ਦੀ ਅਗਵਾਈ ਕਰ ਰਹੇ ਪਾਰਟੀ ਦੇ ਸੂਬਾ ਜਰਨਲ ਸਕੱਤਰ ਪਰਮਿੰਦਰ ਸਿੰਘ ਬਰਾੜ ਨੇ ਕਿਹਾ ਇਹ ਯਾਤਰਾ ਕੋਈ ਰਾਜਨੀਤਿਕ ਲਾਭ ਲੈਣ ਲਈ ਨਹੀਂ ਸਗੋਂ ਸਮੂਹਿਕ ਰੂਪ ਵਿੱਚ ਇਕੱਠੇ ਹੋ ਕੇ ਪੰਜਾਬ ਅੰਦਰ ਨਸ਼ਿਆਂ ਨੂੰ ਠੱਲ ਪਾਉਣਾ ਏ । ਉਹਨਾਂ ਕਿਹਾ ਕਿ ਇਹ ਯਾਤਰਾ ਪੰਜਾਬ ਦੇ ਵਿੱਚੋਂ ਅਪਰਾਧ,ਨਸ਼ਾ ਅਤੇ ਲੋਕਾਂ ਨੂੰ ਭੈਅ ਮੁਕਤ ਕਰਨ ਲਈ ਸ਼ੁਰੂ ਕੀਤੀ ਗਈ ਏ।

------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਬਣੇ 1 ਕਰੋੜ 26  ਲੱਖ ਕਾਰਡਾਂ ਦੀ ਵੰਡ ਦੀ ਸ਼ੁਰੂਆਤ ਕੀਤੀ । ਕੱਲ ਮੋਹਾਲੀ ਵਿੱਚ ‘ਮੁੱਖ ਮੰਤਰੀ ਸਿਹਤ ਯੋਜਨਾ’ ਦੇ ਕਾਰਡ ਵੰਡ ਸਮਾਰੋਹ ਦੌਰਾਨ ਮੁੱਖ ਮੰਤਰੀ  ਨੇ ਦੱਸਿਆ ਕਿ ਸਿਹਤ ਕਾਰਡਾਂ ਨੇ 54 ਲੱਖ ਪਰਿਵਾਰਾਂ ਨੂੰ ਸਿਹਤ ਸੁਰੱਖਿਆ ਪ੍ਰਦਾਨ ਕੀਤੀ ਏ ਜਿਸ ਤਹਿਤ ਹੁਣ ਤੱਕ 7 ਲੱਖ ਤੋਂ ਵੱਧ ਮਰੀਜ਼ਾਂ ਦੇ ਇਲਾਜ 'ਤੇ 1

ਹਜ਼ਾਰ 310 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਯਕੀਨੀ ਬਣਾਉਂਦੀ ਏ ਕਿ ਪਰਿਵਾਰ ਬਿਨਾਂ ਕਿਸੇ ਖਰਚੇ ਦੀ ਚਿੰਤਾ ਕੀਤੇ ਇਲਾਜ ਕਰਵਾ ਸਕਣ, ਜਦਕਿ ਆਮ ਆਦਮੀ ਕਲੀਨਿਕ ਸੂਬੇ ਭਰ ਵਿੱਚ ਕਿਫਾਇਤੀ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਵੱਡਾ ਟੀਚਾ ਇਹ ਯਕੀਨੀ ਬਣਾਉਣਾ ਏ ਕਿ ਹਰ ਨਾਗਰਿਕ ਸਿਹਤਮੰਦ ਰਹੇ ਅਤੇ 'ਰੰਗਲਾ ਪੰਜਾਬ' ਸਿਰਜਿਆ ਜਾਵੇ। ਮੁੱਖ ਮੰਤਰੀ ਨੇ ਕਿਹਾ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ ਗਏ, ਜਿਸ ਨਾਲ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਮਿਲੀ ਏ।

-----------------------------------------------------------

ਅੰਮ੍ਰਿਤਸਰ ਦੇ ਖਾਸਾ ਸਥਿਤ ਡੋਗਰਾ ਜੰਗੀ ਯਾਦਗਾਰ ਵਿੱਚ ਡੋਗਰਾ ਬ੍ਰਿਗੇਡ ਵੱਲੋਂ 1965 ਦੀ ਜੰਗ ਦੌਰਾਨ ਦੇਸ਼ ਲਈ ਸ਼ਹੀਦ ਹੋਏ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਡੋਗਰਾ ਬ੍ਰਿਗੇਡ ਦੇ ਜਵਾਨਾਂ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ, ਐਨ.ਸੀ.ਸੀ ਕੈਡਿਟ ਅਤੇ ਸਾਬਕਾ ਫੌਜੀ ਅਧਿਕਾਰੀ ਵੀ ਮੌਜੂਦ ਰਹੇ। ਸਮਾਗਮ ਦੌਰਾਨ ਸ਼ਹੀਦਾਂ ਦੀ ਯਾਦ ਵਿੱਚ ਫੁੱਲ ਮਾਲਾਵਾਂ ਭੇਂਟ ਕੀਤੀਆਂ ਗਈਆਂ ਅਤੇ ਹਥਿਆਰਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਕਾਰਗਿਲ ਓਪਰੇਸ਼ਨਜ਼ ਦੌਰਾਨ 9 ਪੰਜਾਬ ਦੇ ਐਕਸ-ਸੀਓ ਰਹੇ ਸੇਵਾਮੁਕ ਕਰਨਲ

ਆਰ.ਪੀ.ਐਸ. ਢਿੱਲੋਂ ਨੇ 1965 ਦੀ ਜੰਗ ਨਾਲ ਜੁੜੀਆਂ ਆਪਣੀਆਂ ਯਾਦਾਂ ਸਾਂਝੀਆਂ ਕੀਤੀਆਂ। ਕਰਨਲ ਢਿੱਲੋਂ ਨੇ ਨੌਜਵਾਨ ਪੀੜ੍ਹੀ ਨੂੰ ਦੇਸ਼ ਅਤੇ ਭਾਰਤੀ ਫੌਜ ਲਈ ਵੱਧ-ਚੜ੍ਹ ਕੇ ਕੰਮ ਕਰਨ ਅਤੇ ਫੌਜ ਵਿੱਚ ਸ਼ਾਮਲ ਹੋਣ ਦੀ ਕੋਸ਼ਿਸ਼ ਕਰਨ ਦੀ ਅਪੀਲ ਕੀਤੀ । ਵਿਦਿਆਰਥਣ ਗੌਰੀ ਨੇ ਕਿਹਾ ਕਿ ਉਹ ਆਪਣੇ ਸਕੂਲ ਵੱਲੋਂ ਇੱਥੇ 1965 ਦੀ ਜੰਗ ਦੇ ਵੀਰ ਜਵਾਨਾਂ ਨੂੰ ਸ਼ਰਧਾਂਜਲੀ ਦੇਣ ਲਈ ਪਹੁੰਚੀ ਏ, ਜਿਨ੍ਹਾਂ ਨੇ ਦੇਸ਼ ਦੀ ਰੱਖਿਆ ਕਰਦਿਆਂ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਸਮਾਗਮ ਦੌਰਾਨ ਮੌਜੂਦ ਵਿਦਿਆਰਥੀਆਂ ਅਤੇ ਐਨਸੀਸੀ ਕੈਡਿਟਾਂ ਨੇ ਵੀ ਸ਼ਹੀਦ ਜਵਾਨਾਂ ਨੂੰ ਨਮਨ ਕੀਤਾ ਅਤੇ ਦੇਸ਼ ਦੀ ਰੱਖਿਆ ਲਈ ਉਨ੍ਹਾਂ ਵੱਲੋਂ ਦਿੱਤੀ ਕੁਰਬਾਨੀ ਨੂੰ ਯਾਦ ਕੀਤਾ। ਡੋਗਰਾ ਵਾਰ ਮੈਮੋਰੀਅਲ ਵਿਖੇ ਹੋਏ ਇਸ ਸਮਾਗਮ ਨੇ ਨੌਜਵਾਨ ਪੀੜ੍ਹੀ ਨੂੰ ਭਾਰਤੀ ਫੌਜ ਦੇ ਇਤਿਹਾਸ, ਬਹਾਦਰੀ ਅਤੇ ਦੇਸ਼ ਸੇਵਾ ਦੀ ਭਾਵਨਾ ਨਾਲ ਜੋੜਨ ਦਾ ਕੰਮ ਕੀਤਾ।

--------------------------------------------------

ਤਰਨ ਤਾਰਨ ਜ਼ਿਲਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਰਾਹੁਲ ਦੀ ਅਗਵਾਈ ਹੇਠ ਜ਼ਿਲੇ ਵਿਚ ਕੱਲ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਗਿਆ। ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿੱਚ ਹੋਏ ਇਸ ਡਰੋਨ ਸ਼ੋਅ ਦੌਰਾਨ 500 ਡਰੋਨਾਂ ਦੇ ਨਾਲ ਬਣਾਈਆਂ ਆਲੋਕਿਕ

ਆਕ੍ਰਿਤੀਆਂ ਰਾਹੀਂ ਰਾਤ ਸਮੇਂ ਆਸਮਾਨ ਨੂੰ ਰੋਸ਼ਨ ਕਰਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਫ਼ਲਸਫ਼ੇ ਬਾਰੇ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਸ਼ੋਅ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੀ ਸੰਗਤ ਨੂੰ ਆਧੁਨਿਕ ਤਕਨੀਕ ਦੇ ਜ਼ਰੀਏ ਗੁਰੂ ਜੀ ਦੇ ਸਮਾਜਿਕ ਬਰਾਬਰੀ, ਦਇਆ, ਸਮਾਜਿਕ ਨਿਆਂ ਅਤੇ ਵਿਸ਼ਵ ਭਾਈਚਾਰੇ ਦੇ ਸੰਦੇਸ਼ਾਂ ਤੋਂ ਜਾਣੂ ਕਰਵਾਇਆ ਗਿਆ। ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਭੁਪਿੰਦਰ ਸਿੰਘ ਖੇੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਤੇ ਮਹਾਨ ਉਪਦੇਸ਼ਾਂ ਨਾਲ ਜੋੜਨ ਦਾ ਇਹ ਇਕ ਵਿਲੱਖਣ ਉਪਰਾਲਾ ਏ।

-----------------------------------------------------------

ਆਯੁਰਵੇਦ ਦਿਵਸ 2026 ਨੂੰ ਮਨਾਉਣ ਲਈ ਆਯੋਜਿਤ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੇ ਹਿੱਸੇ ਵਜੋਂ, ਆਯੁਸ਼ ਡਾਇਰੈਕਟੋਰੇਟ, ਚੰਡੀਗੜ੍ਹ ਪ੍ਰਸ਼ਾਸਨ ਨੇ, ਇੰਡੀਅਨ ਇੰਸਟੀਚਿਊਟ ਆਫ਼ ਯੋਗਾ ਦੇ ਸਹਿਯੋਗ ਨਾਲ, ਚੰਡੀਗੜ੍ਹ ਦੇ ਫਰੈਗਰੈਂਸ ਗਾਰਡਨ ਵਿਖੇ ਇੱਕ ਸਿਹਤ ਅਤੇ ਯੋਗ ਕੈਂਪ ਦਾ ਆਯੋਜਨ ਕੀਤਾ। 11ਵਾਂ ਆਯੁਰਵੇਦ ਦਿਵਸ 23 ਸਤੰਬਰ ਨੂੰ "ਇੱਕ ਸਿਹਤਮੰਦ ਕੱਲ੍ਹ ਲਈ ਆਯੁਰਵੇਦ" ਥੀਮ ਅਧੀਨ ਮਨਾਇਆ ਜਾਵੇਗਾ। ਚੰਡੀਗੜ੍ਹ ਪ੍ਰਸ਼ਾਸਨ ਦੇ ਆਯੁਰਵੇਦ ਬਾਰੇ ਡਾਇਰੈਕਟਰ ਡਾ. ਅਤੁਲ ਐਨ. ਢਾਕਣੇ ਮੁੱਖ ਮਹਿਮਾਨ ਵਜੋਂ ਇਸ

ਸਮਾਗਮ ਵਿੱਚ ਸ਼ਾਮਲ ਹੋਏ। ਭਾਰਤੀ ਯੋਗਾ ਸੰਸਥਾ ਦੇ ਸੂਬਾ ਪ੍ਰਧਾਨ ਸ਼੍ਰੀ ਗੋਪਾਲ ਦਾਸ ਵੀ ਮੌਜੂਦ ਸਨ। ਡਾ. ਢਾਕਣੇ ਨੇ ਮੈਡੀਕਲ ਟੀਮਾਂ ਅਤੇ ਭਾਗੀਦਾਰਾਂ ਨਾਲ ਗੱਲਬਾਤ ਕੀਤੀ ਅਤੇ ਸਮੁੱਚੀ ਸਿਹਤ ਅਤੇ ਬਿਮਾਰੀ ਦੀ ਰੋਕਥਾਮ ਵਿੱਚ ਆਯੁਰਵੇਦ ਮੈਡੀਕਲ ਪ੍ਰਣਾਲੀਆਂ ਅਤੇ ਯੋਗ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਕੈਂਪ ਦੌਰਾਨ ਆਯੁਰਵੇਦ, ਹੋਮਿਓਪੈਥੀ ਅਤੇ ਯੂਨਾਨੀ ਮੈਡੀਕਲ ਪ੍ਰਣਾਲੀਆਂ ਤਹਿਤ ਮੁਫ਼ਤ ਸਲਾਹ-ਮਸ਼ਵਰੇ ਪ੍ਰਦਾਨ ਕੀਤੇ ਗਏ। ਭਾਰਤੀ ਯੋਗਾ ਸੰਸਥਾ ਦੇ ਸਹਿਯੋਗ ਨਾਲ ਯੋਗ ਸੈਸ਼ਨ ਵੀ ਆਯੋਜਿਤ ਕੀਤੇ ਗਏ, ਜਿਸ ਵਿੱਚ 500 ਲੋਕਾਂ ਨੇ ਹਿੱਸਾ ਲਿਆ। ਕੈਂਪ ਵਿੱਚ ਕੁੱਲ 192 ਮਰੀਜ਼ਾਂ ਨੇ ਸਲਾਹ ਸੇਵਾਵਾਂ ਪ੍ਰਾਪਤ ਕੀਤੀਆਂ । ਕੈਂਪ ਵਿੱਚ ਜਨਤਾ ਅਤੇ ਆਯੁਸ਼ ਸਿਹਤ ਮਾਹਿਰਾਂ ਦੋਵਾਂ ਨੇ ਸਰਗਰਮੀ ਨਾਲ ਹਿੱਸਾ ਲਿਆ। ਇਸ ਪਹਿਲ ਦਾ ਉਦੇਸ਼ ਆਯੁਸ਼ ਡਾਕਟਰੀ ਅਭਿਆਸਾਂ, ਸਿਹਤਮੰਦ ਜੀਵਨ ਸ਼ੈਲੀ, ਬਿਮਾਰੀਆਂ ਦੀ ਰੋਕਥਾਮ ਅਤੇ ਯੋਗ ਦੇ ਫਾਇਦਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।

-----------------------------------------------------